# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਸਾਲ 2016-17 ਦਾ ਪ੍ਰਾਪਰਟੀ ਟੈਕਸ ਜਮਾਂ ਕਰਵਾਉਣ ਤੇ 30 ਸਤੰਬਰ ਤੱਕ 10% ਰਿਬੇਟ ਦਿੱਤੀ ਜਾਵੇਗੀ......ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 16 ਅਗਸਤ- ਪੰਜਾਬ ਨਗਰ ਨਿਗਮ ਐਕਟ 1976 ਦੀ ਧਾਰਾ 112-ਏ ਅਧੀਨ ਸਾਲ 2016-17 ਦਾ ਪ੍ਰਾਪਰਟੀ ਟੈਕਸ 30 ਸਤੰਬਰ ਤੱਕ ਜਮਾਂ ਕਰਵਾਉਣ ਤੇ 10% ਛੋਟ ਦਿੱਤੀ ਜਾਵੇਗੀ।ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼੍ਰੀ ਸ਼ਿਵ ਸੂਦ ਨੇ ਦਿੰਦਿਆਂ ਦੱਸਿਆ ਕਿ ਸ਼ਹਿਰ ਵਾਸੀ ਮਿਤੀ 30 ਸਤੰਬਰ ਤੱਕ ਆਪਣੇ ਬਣਦੇ ਪ੍ਰਾਪਰਟੀ ਟੈਕਸ ਨੂੰ ਜਮ੍ਹਾਂ ਕਰਵਾਉਣ ਤੇ 10% ਦੀ ਛੋਟ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਹਨਾਂ ਦੱਸਿਆ ਕਿ ਜਿਹਨਾਂ ਸ਼ਹਿਰ ਨਿਵਾਸੀਆਂ ਨੇ ਸਾਲ 2013-14, 2014-15 ਅਤੇ 2015-16 ਦਾ ਬਣਦਾ ਪ੍ਰਾਪਰਟੀ ਟੈਕਸ ਅਜੇ ਤੱਕ ਜਮ੍ਹਾਂ ਨਹੀ ਕਰਵਾਇਆ ਹੈ ਉਹ ਨਗਰ ਨਿਗਮ ਦੇ ਦਫ਼ਤਰ ਵਿਚ ਆ ਕੇ ਆਪਣਾ ਬਣਦਾ ਪ੍ਰਾਪਰਟੀ ਟੈਕਸ ਤੁਰੰਤ ਜਮ੍ਹਾ ਕਰਵਾਉਣ ਇਹ ਪ੍ਰਾਪਰਟੀ ਟੈਕਸ ਜਮ੍ਹਾਂ ਨਾ ਕਰਵਾਉਣ ਵਾਲੇ ਸ਼ਹਿਰ ਨਿਵਾਸੀਆਂ ਦੇ ਖਿਲਾਫ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕਰਦੇ ਹੋਏ ਡਿਫਾਲਟਰਾਂ ਦੀਆਂ ਪ੍ਰਾਪਰਟੀ ਸੀਲ ਕਰਕੇ ਬਣਦੇ ਟੈਕਸ ਦੀ ਵਸੂਲੀ ਕੀਤੀ ਜਾਵੇਗੀ।